**ਭੈਰਉ ਮਹਲਾ ੫ ॥ ਜੇ ਸਉ ਲੋਚਿ ਲੋਚਿ ਖਾਵਾਇਆ ॥ ਸਾਕਤ ਹਰਿ ਹਰਿ ਚੀਤਿ ਨ ਆਇਆ ॥੧॥ ਸੰਤ ਜਨਾ ਕੀ ਲੇਹੁ ਮਤੇ ॥ ਸਾਧਸੰਗਿ ਪਾਵਹੁ ਪਰਮ ਗਤੇ ॥ ੧॥ ਰਹਾਉ ॥ ਪਾਥਰ ਕਉ ਬਹੁ ਨੀਰੁ ਪਵਾਇਆ ॥ ਨਹ ਭੀਗੈ ਅਧਿਕ ਸੂਕਾਇਆ ॥੨॥ ਖਟੁ ਸਾਸਤ੍ਰ ਮੂਰਖੈ ਸੁਨਾਇਆ ॥ ਜੈਸੇ ਦਹ ਦਿਸ ਪਵਨੁ ਝੁਲਾਇਆ ॥੩॥ ਬਿਨੁ ਕਣ ਖਲਹਾਨੁ ਜੈਸੇ ਗਾਹਨ ਪਾਇਆ ॥ ਤਿਉ ਸਾਕਤ ਤੇ ਕੋ ਨ ਬਰਾਸਾਇਆ ॥੪॥ ਤਿਤ ਹੀ ਲਾਗਾ ਜਿਤੁ ਕੋ ਲਾਇਆ ॥ ਕਹੁ ਨਾਨਕ ਪ੍ਰਭਿ ਬਣਤ ਬਣਾਇਆ ॥੫॥੫॥** {ਪੰਨਾ 1136-1137}

ਪਦਅਰਥ:- ਸਉ—ਸੌ ਵਾਰੀ। ਲੋਚਿ—ਲੋਚ ਕੇ, ਤਾਂਘ ਨਾਲ। ਲੋਚਿ ਲੋਚਿ—ਬੜੀ ਤਾਂਘ ਨਾਲ। ਜੇ ਖਾਵਾਇਆ—ਜੇ (ਨਾਮ-ਭੋਜਨ) ਖਵਾਲਿਆ ਜਾਏ। ਸਾਕਤ ਚੀਤਿ—ਸਾਕਤ ਦੇ ਚਿੱਤ ਵਿਚ। ਸਾਕਤ—ਪਰਮਾਤਮਾ ਨਾਲੋਂ ਟੁੱਟਾ ਹੋਇਆ ਮਨੁੱਖ।1।

ਮਤੇ—ਮਤਿ, ਸਿੱਖਿਆ। ਸਾਧ ਸੰਗਿ—ਸਾਧ ਸੰਗਤਿ ਵਿਚ। ਪਰਮ ਗਤੇ—ਸਭ ਤੋਂ ਉੱਚੀ ਆਤਮਕ ਅਵਸਥਾ।1। ਰਹਾਉ।

ਕਉ—ਨੂੰ। ਨੀਰੁ—ਪਾਣੀ। ਭੀਗੈ—ਭਿੱਜਦਾ। ਅਧਿਕ—ਬਹੁਤ।2।

ਖਟੁ—ਛੇ। ਮੂਰਖੈ—ਮੂਰਖ ਨੂੰ। ਦਹ ਦਿਸ—ਦਸੀਂ ਪਾਸੀਂ। ਦਿਸ—ਪਾਸਾ। ਪਵਨੁ—ਹਵਾ।3।

ਕਣ—ਅੰਨ ਦੇ ਦਾਣੇ। ਖਲਹਾਨੁ—ਖਲਵਾੜਾ। ਗਾਹਨ ਪਾਇਆ—ਗਾਹਿਆ ਜਾਏ। ਤੇ—ਤੋਂ। ਕੋ—ਕੋਈ ਭੀ ਮਨੁੱਖ। ਬਰਾਸਾਇਆ—ਲਾਭ ਉਠਾ ਸਕਦਾ।4।

ਤਿਤ ਹੀ—ਤਿਤੁ ਹੀ {ਕ੍ਰਿਆ ਵਿਸ਼ੇਸ਼ਣ 'ਹੀ' ਦੇ ਕਾਰਨ ਲਫ਼ਜ਼ 'ਤਿਤੁ' ਦਾ ੁ ਉੱਡ ਗਿਆ ਹੈ} ਉਸ (ਕੰਮ) ਵਿਚ ਹੀ। ਜਿਤੁ—ਜਿਸ (ਕੰਮ) ਵਿਚ। ਕੋ—ਕੋਈ ਮਨੁੱਖ। ਨਾਨਕ—ਹੇ ਨਾਨਕ! ਪ੍ਰਭਿ—ਪ੍ਰਭੂ ਨੇ। ਬਣਤ—ਮਰਯਾਦਾ।5।

ਅਰਥ:- ਹੇ ਭਾਈ! (ਪਰਮਾਤਮਾ ਦੇ ਚਰਨਾਂ ਨਾਲੋਂ ਟੁੱਟੇ ਹੋਏ ਬੰਦਿਆਂ ਦੀ ਸੰਗਤਿ ਕਰਨ ਦੇ ਥਾਂ) ਸੰਤ ਜਨਾਂ ਪਾਸੋਂ (ਸਹੀ ਜੀਵਨ-ਜੁਗਤਿ ਦੀ) ਸਿੱਖਿਆ ਲਿਆ ਕਰੋ। ਸੰਤ ਜਨਾਂ ਦੀ ਸੰਗਤਿ ਵਿਚ (ਰਹਿ ਕੇ) ਤੁਸੀਂ ਸਭ ਤੋਂ ਉੱਚੀ ਆਤਮਕ ਅਵਸਥਾ ਪ੍ਰਾਪਤ ਕਰ ਲਵੋਗੇ।1। ਰਹਾਉ।

ਹੇ ਭਾਈ! ਪਰਮਾਤਮਾ ਤੋਂ ਟੁੱਟੇ ਹੋਏ ਮਨੁੱਖ ਨੂੰ ਜੇ ਸੌ ਵਾਰੀ ਭੀ ਬੜੀ ਤਾਂਘ ਨਾਲ (ਉਸ ਦਾ ਆਤਮਕ ਜੀਵਨ ਕਾਇਮ ਰੱਖਣ ਲਈ ਨਾਮ-) ਭੋਜਨ ਖਵਾਲਣ ਦਾ ਜਤਨ ਕੀਤਾ ਜਾਏ, ਤਾਂ ਭੀ ਉਸ ਦੇ ਚਿੱਤ ਵਿਚ ਪਰਮਾਤਮਾ ਦਾ ਨਾਮ (-ਭੋਜਨ) ਟਿਕ ਨਹੀਂ ਸਕਦਾ।1।

ਹੇ ਭਾਈ! ਜੇ ਕਿਸੇ ਪੱਥਰ ਉੱਤੇ ਬਹੁਤ ਸਾਰਾ ਪਾਣੀ ਸੁਟਾਇਆ ਜਾਏ, (ਤਾਂ ਭੀ ਉਹ ਪੱਥਰ ਅੰਦਰੋਂ) ਭਿੱਜਦਾ ਨਹੀਂ, (ਅੰਦਰੋਂ ਉਹ) ਬਿਲਕੁਲ ਸੁੱਕਾ ਹੀ ਰਹਿੰਦਾ ਹੈ (ਇਹੀ ਹਾਲ ਹੈ ਸਾਕਤ ਦਾ)।2।

ਹੇ ਭਾਈ! ਜੇ ਕਿਸੇ ਅਨਪੜ੍ਹ ਮੂਰਖ ਨੂੰ ਛੇ ਸ਼ਾਸਤ੍ਰ ਸੁਣਾਏ ਜਾਣ (ਉਹ ਅਨਪੜ੍ਹ ਵਿਚਾਰਾ ਕੀਹ ਸਮਝੇ ਉਹਨਾਂ ਸ਼ਾਸਤ੍ਰਾਂ ਨੂੰ? ਉਸ ਦੇ ਭਾਣੇ ਤਾਂ ਇਉਂ ਹੈ) ਜਿਵੇਂ ਉਸ ਦੇ ਦਸੀਂ ਪਾਸੀਂ (ਨਿਰੀ) ਹਵਾ ਹੀ ਚੱਲ ਰਹੀ ਹੈ (ਇਹੀ ਹਾਲ ਹੈ ਸਾਕਤ ਦਾ)।3।

ਹੇ ਭਾਈ! ਜਿਵੇਂ ਅੰਨ ਦੇ ਦਾਣਿਆਂ ਤੋਂ ਬਿਨਾ ਕੋਈ ਖਲਵਾੜਾ ਗਾਹਿਆ ਜਾਏ (ਉਸ ਵਿਚੋਂ ਦਾਣਿਆਂ ਦਾ ਬੋਹਲ ਨਹੀਂ ਬਣੇਗਾ), ਤਿਵੇਂ ਹੀ ਪਰਮਾਤਮਾ ਦੇ ਚਰਨਾਂ ਨਾਲੋਂ ਟੁੱਟੇ ਹੋਏ ਮਨੁੱਖ ਪਾਸੋਂ ਕੋਈ ਮਨੁੱਖ ਆਤਮਕ ਜੀਵਨ ਦੀ ਖ਼ੁਰਾਕ ਪ੍ਰਾਪਤ ਨਹੀਂ ਕਰ ਸਕਦਾ।4।

ਪਰ, ਹੇ ਭਾਈ! (ਸਾਕਤ ਦੇ ਭੀ ਕੀਹ ਵੱਸ?) ਹਰ ਕੋਈ ਉਸ (ਕੰਮ) ਵਿਚ ਹੀ ਲੱਗਦਾ ਹੈ ਜਿਸ ਵਿਚ (ਪਰਮਾਤਮਾ ਵੱਲੋਂ) ਉਹ ਲਾਇਆ ਜਾਂਦਾ ਹੈ। ਹੇ ਨਾਨਕ! ਆਖ—(ਕੋਈ ਸਾਕਤ ਹੈ ਤੇ ਕੋਈ ਸੰਤ ਹੈ—ਇਹ) ਖੇਡ ਪ੍ਰਭੂ ਨੇ ਆਪ ਹੀ ਬਣਾਈ ਹੋਈ ਹੈ।5। 5।